# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**19:00 pm**

**ਮਿਤੀ: 08-05-2025**

- ਆਪ੍ਰੇਸ਼ਨ ਸਿੰਦੂਰ ਬਾਰੇ ਸਰਬ ਪਾਰਟੀ ਮੀਟਿੰਗ ਵਿਚ ਹਥਿਆਰਬੰਦ ਬਲਾਂ ਦੀ ਕੀਤੀ ਗਈ ਸ਼ਲਾਘਾ ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰਾਸ਼ਟਰੀ ਸੁਰੱਖਿਆ ਨਾ ਲ ਸਬੰਧਤ ਹਾਲੀਆ ਘਟਨਾਵਾਂ ਦੇ ਮੱਦੇਨਜ਼ਰ ਰਾਸ਼ਟਰੀ ਤਿਆ ਰੀ ਦੀ ਸਮੀਖਿਆ ਲਈ, ਵੱਖ,ਵੱਖ ਮੰਤਰਾਲਿਆਂ ਅਤੇ ਸਕੱਤਰਾਂ ਨਾਲ ਇੱਕ ਉੱਚ ਪੱਧਰੀ ਮੀਟਿੰਗ ਕੀਤੀ।
- ਭਾਰਤੀ ਹਥਿਆਰਬੰਦ ਬਲਾਂ ਨੇ ਅੱਜ ਸਵੇਰੇ ਪਾਕਿਸਤਾਨ ‘ਚ ਕਈ ਥਾਵਾਂ 'ਤੇ ਹਵਾਈ ਰੱਖਿਆ ਰਾਡਾਰਾਂ ਅਤੇ ਪ੍ਰਣਾਲੀਆਂ ਨੂੰ ਨਿਸ਼ਾਨਾ ਬਣਾਇਆ,ਇਹ ਕਾਰਵਾਈ ਪਾਕਿਸਤਾਨੀ ਫੌਜ ਵਲੋਂ ਭਾ ਰਤੀ ਇਲਾਕਿਆਂਵਿਚ ਕੀਤੀ ਗਈ ਗੋਲਾਬਾਰੀ ਦੇ ਜਵਾਬ ਵਿਚ ਕੀਤੀ ਗਈ ਏ।
- ਸਰਕਾਰ ਵਲੋਂ ਸੋਸਲ ਮੀਡੀਆ 'ਤੇ ਭਾਰਤੀ ਫੌਜ ਨਾਲ ਸੰਬੰਧਿਤ , ਕਿਸੇ ਵੀ ਜਾਣਕਾਰੀ ਨੂੰ ਸਾਂਝਾ ਕਰਨ ਤੋਂ ਗੁਰੇਜ਼ ਕਰਨ ਦੀ ਅ ਪੀਲ ।

- ਪੁਲਿਸ ਅਤੇ ਪ੍ਰਸ਼ਾਸਨ ਨੇ ਲੋਕਾਂ ਦੀ ਸਹਾਇਤਾ ਲਈ ਜਾਰੀ ਕੀਤੇ ਹੈਲਪਲਾਈਨ ਨੰਬਰ...ਕਿਹਾ ਬਲੈਕ ਆਊਟ ਦੀ ਪਾਲਣਾ ਲੋਕ ਹਿਤ ਲਈ ਬੇਹੱਦ ਜਰੂਰੀ-
- ਗੁਰਦਾਸਪੁਰ ਜਿਲੇ ਵਿੱਚ ਰਾਤ 9 ਵਜੇ ਤੋਂ ਸਵੇਰੇ 5 ਵਜੇ ਤੱਕ ਬਲੈਕ ਆਊਟ ਰਹੇਗਾ।

---------------------------------------------------------------

ਸਾਰੀਆਂ ਸਿਆਸੀ ਪਾਰਟੀਆਂ ਦੇ ਨੇਤਾਵਾਂ ਨੇ ਅੱਜ ਆਪ੍ਰੇਸ਼ਨ ਸਿੰਦੂਰ 'ਤੇ ਹੋਈ ਸਰਬ ਪਾਰਟੀ ਮੀਟਿੰਗ ਦੌਰਾਨ ਦਹਿਸ਼ਤਗਰਦੀ ਵਿਰੁੱਧ ਜਵਾਬੀ ਕਾਰਵਾਈ ਲਈ ਭਾਰਤੀ ਹਥਿਆਰਬੰਦ ਬਲਾਂ ਦੀ ਬਹਾਦਰੀ ਦੀ ਸ਼ਲਾਘਾ ਕੀਤੀ ਅਤੇ ਇੱਕ ਸੁਰ ਹੋ ਕੇ ਆਪਣੀ ਹਮਾਇਤ ਦਿੱਤੀ । ਨਵੀਂ ਦਿੱਲੀ'ਚ ਸੰਸਦ ਭਵਨ ਵਿਖੇ ਰੱਖਿਆ ਮੰਤਰੀ ਰਾਜਨਾਥ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਦਰਜਨ ਤੋਂ ਵੱਧ ਪਾਰਟੀਆਂ ਦੇ ਆਗੂ ਸ਼ਾਮਲ ਹੋਏ। ਮੀਟਿੰਗ ਦੌਰਾਨ, ਰਾਜਨਾਥ ਸਿੰਘ ਨੇ ਉਨ੍ਹਾਂ ਨੂੰ ਇਸ ਆਪ੍ਰੇਸ਼ਨ ਬਾਰੇ ਜਾਣਕਾਰੀ ਦਿੱਤੀ । ਮੀਟਿੰਗ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਪਾਰਲੀਮਾਨੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜਿਜੂ ਨੇ ਇਸ ਨੂੰ ਉਸਾਰੂ ਦੱਸਿਆ । **– BYTE -**
ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਨੇ ਕਿਹਾ ਕਿ ਮੀਟਿੰਗ ਦੌਰਾਨ,

ਉਨ੍ਹਾਂ ਨੇ ਸਰਕਾਰ ਨੂੰ ਆਪਣੀ ਪੂਰੀ ਹਮਾਇਤ ਦਿੱਤੀ ਏ ।

**BYTE**

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਵੀ ਇਸੇ ਤਰ੍ਹਾਂ ਦੇ ਵਿਚਾਰ ਦੁਹਰਾਏ। A.I.M.I.M. ਦੇ ਨੇਤਾ ਅਸਦੁਦੀਨ ਓਵੈਸੀ ਨੇ ਵੀ ਆਪ੍ਰੇਸ਼ਨ ਸਿੰਦੂਰ ਚਲਾਉਣ ਲਈ ਹਥਿਆਰਬੰਦ ਬਲਾਂ ਅਤੇ ਸਰਕਾਰ ਦੀ ਸ਼ਲਾਘਾ ਕੀਤੀ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰਾਸ਼ਟਰੀ ਸੁਰੱਖਿਆ ਨਾਲ ਸਬੰਧਤ ਹਾਲੀਆ ਘਟਨਾਵਾਂ ਦੇ ਮੱਦੇਨਜ਼ਰ ਰਾਸ਼ਟਰੀ ਤਿਆਰੀ ਅਤੇ ਅੰਤਰ-ਮੰਤਰਾਲਾ ਤਾਲਮੇਲ ਦੀ ਸਮੀਖਿਆ ਕਰਨ ਲਈ ਸਰਕਾਰ ਦੇ ਵੱਖ-ਵੱਖ ਮੰਤਰਾਲਿਆਂ ਅਤੇ ਵਿਭਾਗਾਂ ਦੇ ਸਕੱਤਰਾਂ ਨਾਲ ਇੱਕ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਉਨ੍ਹਾਂ ਨੇ ਮੌਜੂਦਾ ਸਥਿਤੀ ਨਾਲ ਨਜਿੱਠਣ ਲਈ ਮੰਤਰਾਲਿਆਂ ਵਲੋਂ ਯੋਜਨਾਬੰਦੀ ਅਤੇ ਤਿਆਰੀ ਦੀ ਵੀ ਸਮੀਖਿਆ ਕੀਤੀ। ਮੀਟਿੰਗ ਦੌਰਾਨ ਕਈ ਮੁੱਦਿਆਂ 'ਤੇ ਚਰਚਾ ਕੀਤੀ ਗਈ। ਪ੍ਰਧਾਨ ਮੰਤਰੀ ਨੇ ਅਜਿਹੇ ਸਮੇਂ ਜਦੋਂ ਦੇਸ਼ ਇੱਕ ਸੰਵੇਦਨਸ਼ੀਲ ਦੌਰ ਵਿੱਚੋਂ ਲੰਘ ਰਿਹਾ ਏ, ਨਿਰੰਤਰ ਚੌਕਸੀ, ਸੰਸਥਾਗਤ ਤਾਲਮੇਲ ਅਤੇ ਸਪੱਸ਼ਟ ਸੰਚਾਰ ਲਈ ਕਿਹਾ ਏ. ਉਨ੍ਹਾਂ ਨੇ ਰਾਸ਼ਟਰੀ

ਸੁਰੱਖਿਆ, ਸੰਚਾਲਨ ਤਿਆਰੀ ਅਤੇ ਨਾਗਰਿਕ ਸੁਰੱਖਿਆ ਪ੍ਰਤੀ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ ।

---

ਭਾਰਤੀ ਹਥਿਆਰਬੰਦ ਬਲਾਂ ਨੇ ਅੱਜ ਸਵੇਰੇ ਪਾਕਿਸਤਾਨ ‘ਚ ਕਈ ਥਾਵਾਂ 'ਤੇ ਹਵਾਈ ਰੱਖਿਆ ਰਾਡਾਰਾਂ ਅਤੇ ਪ੍ਰਣਾਲੀਆਂ ਨੂੰ ਨਿਸ਼ਾਨਾ ਬਣਾਇਆ । ਨਵੀਂ ਦਿੱਲੀ ਵਿੱਚ ਇੱਕ ਪ੍ਰੈਸ ਕਾਨਫਰੰਸ ਵਿੱਚ ਭਾਰਤੀ ਫੌਜ ਦੇ ਕਰਨਲ ਸੋਫੀਆ ਕੁਰੈਸ਼ੀ ਅਤੇ ਭਾਰਤੀ ਹਵਾਈ ਫੌਜ ਦੇ ਵਿੰਗ ਕਮਾਂਡਰ ਵਿਓਮਿਕਾ ਸਿੰਘ ਨੇ ਦੱਸਿਆ ਏ ਕਿ ਲਾਹੌਰ ਵਿਖੇ ਇੱਕ ਹਵਾਈ ਰੱਖਿਆ ਪ੍ਰਣਾਲੀ ਨੂੰ ਬੇਅਸਰ ਕਰ ਦਿੱਤਾ ਗਿਆ ਏ । ਓਹਨਾਂ ਇਹ ਵੀ ਦੱਸਿਆ ਕਿ ਭਾਰਤ ਵਲੋਂ ਉਸੇ ਖੇਤਰ ‘ਚ ਕੀਤੀ ਗਈ ਜੁਆਬੀ ਕਾਰਵਾਈ ਵੀ, ਪਾਕਿਸਤਾਨ ਦੇ ਬਰਾਬਰ ਦੀ ਤੀਬਰਤਾ ਵਾਲੀ ਰਹੀ ।

## ਪੇਸ਼ ਏ ਇੱਕ ਰਿਪੋਰਟ -

*ਪਾਕਿਸਤਾਨ ਨੇ ਕੱਲ੍ਹ ਰਾਤ ਡਰੋਨ ਅਤੇ ਮਿਜ਼ਾਈਲਾਂ ਦੀ ਵਰਤੋਂ ਕਰਦਿਆਂ ਉੱਤਰੀ ਅਤੇ ਪੱਛਮੀ ਭਾਰਤ ਵਿੱਚ Jalandhar Amritsar Pathankot, , Kapurthala, , Ludhiana, Adampur, Bhatinda, Chandigarh, Jammu, Srinagar, Awantipura, Nal, Phalodi, Uttarlai, ਅਤੇ Bhuj ਸਮੇਤ ਕਈ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕੀਤੀ। ਇਨ੍ਹਾਂ ਨੂੰ ਫੌਜ ਵਲੋਂ Integrated Counter UAS Grid ਅਤੇ ਹਵਾਈ ਰਖਿਆ ਪ੍ਰਣਾਲੀਆਂ ਰਾਹੀਂ ਬੇਅਸਰ ਕਰ ਦਿੱਤਾ ਗਿਆ। ਇਨ੍ਹਾਂ ਹਮਲਿਆਂ ਦਾ ਮਲਬਾ ਹੁਣ ਕਈ ਥਾਵਾਂ ਤੋਂ ਬਰਾਮਦ ਕੀਤਾ ਜਾ ਰਿਹਾ ਏ ਜੋ ਪਾਕਿਸਤਾਨੀ ਵਲੋਂ ਕੀਤੇ ਗਏ ਇਹਨਾਂ ਹਮਲਿਆਂ ਦਾ ਸਾਬਤ ਏ . ਰਖਿਆ ਮੰਤਰਾਲੇ ਨੇ ਕਿਹਾ ਏ ਕਿ ਪਾਕਿਸਤਾਨ ਨੇ ਜੰਮੂ-ਕਸ਼ਮੀਰ ਦੇ Kupwara, Baramulla, Uri, Poonch, Mendhar ਅਤੇ Rajouri ਸੈਕਟਰਾਂ ਵਿੱਚ ਮੋਰਟਾਰ ਅਤੇ ਭਾਰੀ ਗੋਲੇ ਦਾਗਦਿਆਂ ਕੰਟਰੋਲ ਰੇਖਾ ਪਾਰੋਂ ਬਿਨਾਂ ਕਿਸੇ ਉਕਸਾਹਟ ਦੇ ਗੋਲੀਬਾਰੀ ਦੀ ਤੀਬਰਤਾ ਵਧਾ ਦਿੱਤੀ ਏ । ਇਸ ਗੋਲਾਬਾਰੀ ਕਾਰਨ ਤਿੰਨ ਔਰਤਾਂ ਅਤੇ ਪੰਜ ਬੱਚਿਆਂ ਸਮੇਤ 16 ਮਾਸੂਮ ਜਾਨਾਂ ਗਈਆਂ ਨੇ. ਭਾਰਤ ਨੂੰ ਪਾਕਿਸਤਾਨ ਵਲੋਂ ਕੀਤੀ ਜਾ ਰਹੀ ਮੋਰਟਾਰ ਅਤੇ ਤੋਪਖਾਨੇ ਦੀ ਗੋਲਾਬਾਰੀ ਰੋਕਣ ਲਈ ਮਜਬੂਰਨ ਜਵਾਬੀ ਕਾਰਵਾਈ ਕਰਨੀ ਪਈ .ਭਾਰਤੀ ਹਥਿਆਰਬੰਦ ਬਲਾਂ ਨੇ ਤਣਾਅ ਨਾ ਵਧਾਉਣ ਦੀ ਆਪਣੀ ਵਚਨਬੱਧਤਾ ਦੁਹਰਾਈ ਏ , ਬਸ਼ਰਤੇ ਪਾਕਿਸਤਾਨੀ ਫੌਜ ਇਸਦਾ ਸਤਿਕਾਰ ਕਰਦਿਆਂ ਤਣਾਅ ਨੂੰ ਘਟਾਏ ।*

*RAJESH BALI ....*

---

ਭਾਰਤ ਵੱਲੋਂ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਜੰਮੂ ਕਸ਼ਮੀਰ ਵਿੱਚ ਸਥਾਪਿਤ ਦਹਿਸ਼ਤਗਰਦਾਂ ਦੇ ਇਲਾਕਿਆਂ 'ਤੇ 'ਆਪਰੇਸ਼ਨ ਸੰਦੂਰ' ਹੇਠ ਕੀਤੀ ਗਈ ਕਾਰਵਾਈ ਦੇ ਮੱਦੇਨਜ਼ਰ, ਸਾਨੂੰ ਸਾਰਿਆਂ ਨੂੰ ਸੋਸਲ ਮੀਡੀਆ 'ਤੇ ਭਾਰਤੀ ਫੌਜ ਨਾਲ ਸੰਬੰਧਿਤ ਕਿਸੇ ਵੀ ਜਾਣਕਾਰੀ ਨੂੰ ਸਾਂਝਾ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਏ। ਇਸ ਦੇ ਨਾਲ ਹੀ ਸਮਾਜ ਨੂੰ ਪ੍ਰਭਾਵਿਤ ਕਰਨ ਵਾਲੇ ਸੰਦੇਸ਼ ਜਿਵੇਂ ਕਿ ਫਿਰਕੂ ਹਿੰਸਾ ਜਾਂ ਕੋਈ ਫੌਜੀ  ਕਾਰਵਾਈ ਜਾਂ ਕੋਈ ਵੀ ਅਜਿਹਾ ਸੰਦੇਸ਼, ਜੋ ਸਾਡੇ ਸੂਬੇ ਜਾਂ ਦੇਸ਼ ਲਈ ਖਤਰਾ ਬਣਦਾ ਹੋਵੇ, ਉਸਨੂੰ ਬਿਨਾਂ ਜਾਂਚ ਕੀਤੇ ਅੱਗੇ ਨਹੀਂ ਭੇਜਣਾ ਚਾਹੀਦਾ। ਪਾਕਿਸਤਾਨ ਵੱਲੋਂ ਡਿਜੀਟਲ ਪਲੈਟਫਾਰਮ 'ਤੇ ਭਾਰਤ ਸਬੰਧੀ ਝੂਠੀਆਂ ਖਬਰਾਂ ਫੈਲਾਉਣ ਦਾ ਸਿਲਸਿਲਾ ਵੀ ਲਗਾਤਾਰ ਚੱਲ ਰਿਹਾ ਏ  ਅਜਿਹੇ ਸੰਦੇਸ਼ਾਂ ਦੇ ਵਿਸ਼ਵਾਸ ਨਾ ਕਰੋ। ਭਾਰਤ ਸਰਕਾਰ ਨਾਲ ਸੰਬੰਧਿਤ ਕਿਸੇ ਵੀ ਸੰਦੇਸ਼ ਦੀ ਸਹੀ ਜਾਣਕਾਰੀ ਕੇਂਦਰੀ ਸੂਚਨਾ ਅਤੇ ਪ੍ਰਸਾਰਨ ਮੰਤਰਾਲੇ ਦੇ ਪੱਤਰ ਸੂਚਨਾ ਵਿਭਾਗ ਵੱਲੋਂ ਸ਼ੁਰੂ ਕੀਤੇ ਗਏ PIB ਫੈਕਟ ਕਰੈਕ ਦੇ ਵਟਸ ਐਪ ਪਲੈਟਫਾਰਮ ਜਿਸਦਾ ਨੰਬਰ 87-99-71-12-59

ਨੰਬਰ ਇਕ ਵਾਰ ਫੇਰ ਸੁਣ ਲਓ 87-99-71-12-59 ਤੋਂ ਲਈ ਜਾ ਸਕਦੀ ਏ ।

---------------------------------------------------------------

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਬੀਤੇ ਕੱਲ ਪਾਕਿਸਤਾਨ ਅਤੇ ਨੇਪਾਲ ਨਾਲ ਲੱਗਦੇ ਸਰਹੱਦੀ ਸੂਬਿਆਂ ਦੇ ਉਪ ਰਾਜਪਾਲਾਂ ਅਤੇ ਮੁੱਖ ਮੰਤਰੀਆਂ ਨੂੰ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਕਿਸੇ ਵੀ ਤਰਾਂ ਦੇ ਦੇਸ਼ ਵਿਰੋਧੀ ਪ੍ਰਚਾਰ 'ਤੇ ਸਖ਼ਤ ਨਜ਼ਰ ਰੱਖਣ ਲਈ ਕਿਹਾ । ਨਵੀਂ ਦਿੱਲੀ ਵਿੱਚ ਇੱਕ ਸੁਰੱਖਿਆ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ, ਅਮਿਤ ਸ਼ਾਹ ਨੇ ਰਾਜ ਸਰਕਾਰਾਂ ਅਤੇ ਕੇਂਦਰੀ ਏਜੰਸੀਆਂ ਨਾਲ ਤਾਲਮੇਲ ਕਰਕੇ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਵੀ ਦਿੱਤੇ ।

---------------------------------------------------------------

ਪੰਜਾਬ ਦੇ ਡਿਪਟੀ ਕਮਿਸ਼ਨਰਾਂ ਨੇ ਨਾਗਰਿਕਾਂ ਨੂੰ ਸਬਰ ਅਤੇ ਸੋਚ-ਸਮਝ ਕੇ ਖਰੀਦਦਾਰੀ ਕਰਨ ਦੀ ਅਪੀਲ ਕੀਤੀ ਏ । ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਕਿਸੇ ਨੂੰ ਵੀ ਘਬਰਾਉਣਾ ਨਹੀਂ ਚਾਹੀਦਾ ਅਤੇ ਜਲਦਬਾਜ਼ੀ ਵਿੱਚ ਖਰੀਦਦਾਰੀ ਨਹੀਂ ਕਰਨੀ ਚਾਹੀਦੀ। ਡਾ. ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਲੋਕਾਂ ਦੇ ਨਾਲ ਖੜ੍ਹਾ ਏ ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਡਰਨ ਜਾਂ ਘਬਰਾਉਣ ਦੀ ਲੋੜ ਨਹੀਂ ਏ। ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਜ਼ਰੂਰੀ ਵਸਤੂਆਂ ਸਮੇਤ ਕਿਸੇ ਵੀ ਵਸਤੂ ਦੀ ਜਮ੍ਹਾਂਖੋਰੀ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਜੇਕਰ ਕੋਈ ਵਿਅਕਤੀ ਜਮ੍ਹਾਂਖੋਰੀ ਜਾਂ ਕਾਲਾਬਾਜ਼ਾਰੀ ਵਿੱਚ ਸ਼ਾਮਲ ਪਾਇਆ ਗਿਆ ਤਾਂ ਉਸ ਵਿਰੁੱਧ ਢੁਕਵੀਂ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਜਮ੍ਹਾਂਖੋਰੀ 'ਤੇ ਸਖ਼ਤ ਨਜ਼ਰ ਰੱਖਣ ਅਤੇ ਗਲਤ ਇਰਾਦਿਆਂ ਨਾਲ ਥੋਕ ਖਰੀਦਦਾਰੀ ਕਰਨ ਵਾਲਿਆਂ ਦੀ ਸੂਚੀ ਤਿਆਰ ਕਰਕੇ ਪ੍ਰਸ਼ਾਸਨ ਨਾਲ ਸਾਂਝੀ ਕਰਨ ਦੇ ਨਿਰਦੇਸ਼ ਵੀ ਦਿੱਤੇ। ਇਸ ਦੇ ਨਾਲ ਹੀ ਡਿਪਟੀ ਕਮਿਸ਼ਨਰ ਨੇ ਨਾਗਰਿਕਾਂ ਨੂੰ ਭਵਿੱਖ ਵਿੱਚ ਹੋਣ ਵਾਲੀਆਂ ਮੌਕ ਡ੍ਰਿਲਾਂ ਦੀ ਪੂਰੀ ਗੰਭੀਰਤਾ ਨਾਲ ਪਾਲਣਾ ਕਰਨ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਮੌਕ ਡਰਿੱਲ ਥੋੜ੍ਹੇ ਸਮੇਂ ਲਈ ਕੀਤੇ ਜਾਣਗੇ ਅਤੇ ਲਾਈਟਾਂ ਬੰਦ ਰਹਿਣਗੀਆਂ ਅਤੇ ਬਲੈਕਆਊਟ ਅਭਿਆਸ ਦੌਰਾਨ ਟ੍ਰੈਫਿਕ ਲਾਈਟਾਂ ਵੀ ਬੰਦ ਕਰ ਦਿੱਤੀਆਂ ਜਾਣਗੀਆਂ। ਡਾ: ਅਗਰਵਾਲ ਨੇ ਕਿਹਾ ਕਿ ਜੇਕਰ ਮੌਕ ਡ੍ਰਿਲ ਦੇ ਐਲਾਨ ਤੋਂ ਬਿਨਾਂ ਵੀ ਸਾਇਰਨ ਸੁਣਾਈ ਦਿੰਦਾ ਏ , ਤਾਂ ਮੌਕ ਡ੍ਰਿਲ ਦੌਰਾਨ ਕੀਤੇ ਗਏ ਅਭਿਆਸਾਂ ਨੂੰ ਤੁਰੰਤ ਲਾਗੂ ਕੀਤਾ ਜਾਣਾ ਚਾਹੀਦਾ ਏ । ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਫਵਾਹਾਂ ਤੋਂ ਬਚਣ ਦੀ

ਸਲਾਹ ਦਿੱਤੀ ਅਤੇ ਕਿਹਾ ਕਿ ਸਰਕਾਰ ਵੱਲੋਂ ਸਮੇਂ-ਸਮੇਂ 'ਤੇ ਜਨਤਕ ਹਿੱਤ ਵਿੱਚ ਜਾਰੀ ਕੀਤੀ ਜਾਂਦੀ ਸਲਾਹ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇ।

---------------------------------------------------------

ਸਰਹੱਦ ਉੱਤੇ ਪੈਦਾ ਹੋਏ ਤਣਾਅ ਦੇ ਮੱਦੇਨਜ਼ਰ ਅੰਮ੍ਰਿਤਸਰ ਅਤੇ ਤਰਨਤਾਰਨ ਜਿਲ੍ਹਾ ਪ੍ਰਸ਼ਾਸਨਾਂ ਨੇ ਲੋਕਾਂ ਦੀ ਸਹਾਇਤਾ ਲਈ ਹੈਲਪ ਲਾਈਨ ਨੰਬਰ ਜਾਰੀ ਕਰਕੇ ਅਪੀਲ ਕੀਤੀ ਏ ਕਿ ਕਿਸੇ ਵੀ ਹੰਗਾਮੀ ਸਥਿਤੀ ਵਿੱਚ ਇਨਾ ਨੰਬਰਾਂ ਤੋਂ ਮਦਦ ਲਈ ਜਾ ਸਕਦੀ ਏ । ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਕਿਹਾ ਕਿ ਜੇਕਰ ਕਿਸੇ ਵੀ ਜ਼ਿਲ੍ਹਾ ਵਾਸੀ ਨੂੰ ਪੁਲਿਸ ਨਾਲ ਸੰਬੰਧਿਤ ਕੋਈ ਸਹਾਇਤਾ ਦੀ ਲੋੜ ਏ ਅਤੇ ਜੇਕਰ ਕਿਸੇ ਨੇ ਕਿਸੇ ਘਟਨਾ ਬਾਰੇ ਸਹੀ ਜਾਣਕਾਰੀ ਲੈਣੀ ਏ ਤਾਂ ਉਹ ਫੋਨ ਨੰਬਰ 112 ਡਾਇਲ ਕਰੇ ਅਤੇ ਜੇਕਰ ਜਿਲਾ ਪ੍ਰਸ਼ਾਸਨ ਨਾਲ ਸੰਬੰਧਿਤ ਕੋਈ ਸਹਾਇਤਾ ਚਾਹੀਦੀ ਹੈ ਤਾਂ ਉਹ ਫੋਨ ਨੰਬਰ 79738 67446 ਉੱਪਰ ਰਾਬਤਾ ਕਰ ਸਕਦਾ ਏ । ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਜਦੋਂ ਬਲੈਕ ਆਊਟ ਕੀਤਾ ਜਾਵੇ ਤਾਂ ਇਸ ਦੀ ਇੰਨ-ਬਿਨ ਪਾਲਣਾ, ਜਿਸ ਵਿੱਚ ਲਾਈਟਾਂ ਦਾ ਬੰਦ ਕਰਨਾ ਬੇਹੱਦ ਜਰੂਰੀ ਏ, ਇਸ ਨੂੰ ਯਕੀਨੀ ਬਣਾਇਆ ਜਾਵੇ ਕਿਉਂਕਿ ਇਹ ਲੋਕ ਹਿੱਤ ਲਈ ਜਰੂਰੀ ਏ । ਉਨਾਂ ਲੋਕਾਂ ਨੂੰ ਅਫਵਾਹਾਂ ਤੋਂ ਸੁਚੇਤ ਰਹਿਣ ਦੀ

ਅਪੀਲ ਕੀਤੀ ਏ। ਉਹਨਾਂ ਕਿਹਾ ਕਿ ਜ਼ਿਲ੍ਹੇ ਵਿੱਚ ਜਰੂਰੀ ਵਸਤਾਂ, ਤੇਲ, ਰਸੋਈ ਗੈਸ, ਦਵਾਈਆਂ, ਪਸ਼ੂਆਂ ਦੇ ਚਾਰੇ ਭਾਵ ਕਿਸੇ ਵੀ ਚੀਜ਼ ਦੀ ਕੋਈ ਘਾਟ ਨਹੀਂ ਹੈ, ਇਸ ਲਈ ਬਿਨਾਂ ਲੋੜ ਤੋਂ ਵਾਧੂ ਸਮਗਰੀ ਖਰੀਦ ਕੇ ਕਾਲਾ ਬਾਜ਼ਾਰੀ ਨੂੰ ਉਤਸ਼ਾਹਤ ਨਾ ਕੀਤਾ ਜਾਵੇ। ਉਹਨਾਂ ਕਾਲਾਬਜ਼ਾਰੀ ਕਰਨ ਵਾਲਿਆਂ ਨੂੰ ਵੀ ਤਾੜਨਾ ਕੀਤੀ ਕਿ ਸਾਡੀਆਂ ਟੀਮਾਂ ਤੁਹਾਡੀ ਹਰ ਹਰਕਤ ਉੱਤੇ ਨਜ਼ਰ ਰੱਖ ਰਹੀਆਂ ਹਨ ਅਤੇ ਜੋ ਵੀ ਵਿਅਕਤੀ ਦੋਸ਼ੀ ਪਾਇਆ ਗਿਆ ਉਸ ਉੱਤੇ ਕਾਰਵਾਈ ਹੋਵੇਗੀ। ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਸ਼ੱਕੀ ਵਿਅਕਤੀ ਜਾਂ ਲਾਵਰਸ ਪਈ ਚੀਜ਼ ਦਿਖਾਈ ਦਿੰਦੀ ਏ ਤਾਂ ਉਸ ਦੀ ਸੂਚਨਾ ਪੁਲਿਸ ਨੂੰ ਦਿੱਤੀ ਜਾਵੇ, ਨਾ ਕਿ ਉਸ ਨਾਲ ਆਪ ਛੇੜਖਾਨੀ ਕੀਤੀ ਜਾਵੇ। ਉਹਨਾਂ ਕਿਹਾ ਕਿ ਪੁਲਿਸ ਸੁਕਐਡ ਅਤੇ ਕਵਿਕ ਰਿਸਪਾਂਸ ਟੀਮਾਂ ਲੋਕਾਂ ਦੀ ਸੁਰੱਖਿਆ ਲਈ ਤਾਇਨਾਤ ਕੀਤੀਆਂ ਨੇ , ਜੋ ਲੋੜ ਪੈਣ ਉੱਤੇ ਤੁਰੰਤ ਤੁਹਾਡੀ ਸਹਾਇਤਾ ਲਈ ਪਹੁੰਚਣਗੀਆਂ।

--------------------------------------------------------------------

ਓਧਰ ਤਰਨ ਤਾਰਨ ਜ਼ਿਲ੍ਹਾ ਮੈਜਿਸਟ੍ਰੇਟ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ, ਜ਼ਿਲ੍ਹਾ ਤਰਨ ਤਾਰਨ ਦੀ ਹਦੂਦ ਅੰਦਰ ਵਿਆਹ-ਸ਼ਾਦੀਆਂ, ਖੁਸ਼ੀ ਦੇ ਉਤਸਵਾਂ ਅਤੇ ਧਾਰਮਿਕ ਉਤਸਵਾਂ ਦੌਰਾਮ ਆਮ

ਪਬਲਿਕ ਵੱਲੋਂ ਵੱਲੋਂ ਚਲਾਈ ਜਾਣ ਵਾਲੀ ਆਤਿਸ਼ਬਾਜੀ ਜਿਸ ਵਿੱਚ ਬੰਬ, ਹਵਾਈ ਪਟਾਖੇ ਅਤੇ ਚਾਈਨੀਜ਼ ਕਰੈਕਰ ਸ਼ਾਮਲ ਹਨ 'ਤੇ ਪੂਰਨ ਤੌਰ 'ਤੇ ਪਾਬੰਦੀ ਲਗਾਈ ਏ । ਪਾਬੰਦੀ ਦੇ ਇਹ ਹੁਕਮ 6 ਜੁਲਾਈ ਤੱਕ ਲਾਗੂ ਰਹਿਣਗੇ।

--------------------------------------------------------

ਗੁਰਦਾਸਪੁਰ ਜਿਲੇ ਵਿੱਚ ਰਾਤ 9 ਵਜੇ ਤੋਂ ਸਵੇਰੇ 5 ਵਜੇ ਤੱਕ ਬਲੈਕ ਆਊਟ ਰਹੇਗਾ । ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਦਲਵਿੰਦਰ ਜੀਤ ਸਿੰਘ ਨੇ ਕਿਹਾ ਇਸ ਦੌਰਾਨ ਘਬਰਾਉਣ ਦੀ ਲੋੜ ਨਹੀਂ ਏ । ਉਨ੍ਹਾਂ ਲੋਕਾਂ ਨੂੰ ਸਹਿਯੋਗ ਕਰਨ ਦੀ ਅਪੀਲ ਕੀਤੀ ਏ ।

--------------------------------------------------------

ਓਧਰ ਗੁਰਦਾਸਪੁਰ ਜਿਲੇ ਵਿੱਚ ਰਾਤ 9 ਵਜੇ ਤੋਂ ਸਵੇਰੇ 5 ਵਜੇ ਤੱਕ ਬਲੈਕ ਆਊਟ ਰਹੇਗਾ। ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਦਲਵਿੰਦਰ ਜੀਤ ਸਿੰਘ ਨੇ ਕਿਹਾ ਇਸ ਦੌਰਾਨ ਘਬਰਾਉਣ ਦੀ ਲੋੜ ਨਹੀਂ ਏ। ਉਨ੍ਹਾਂ ਲੋਕਾਂ ਨੂੰ ਸਹਿਯੋਗ ਕਰਨ ਦੀ ਅਪੀਲ ਕੀਤੀ ਏ।

-------------------------------------------------------

ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਹੁਕਮਾਂ ਮੁਤਾਬਿਕ ਪੰਜਾਬ ਦੇ ਵੱਖ ਵੱਖ ਜਿਲ੍ਹਿਆਂ ਵਿੱਚ ਕਿਸੇ ਵੀ ਤਰ੍ਹਾਂ ਦੀ

ਸੰਕਟਕਾਲ ਸਥਿਤੀ ਨਾਲ ਨਜਿੱਠਣ ਲਈ, ਸਿਵਲ ਡਿਫੈਂਸ ਐਕਟ 1968 ਅਧੀਨ ਮੌਕ ਡਰਿੱਲ ਕੀਤੀਆਂ ਜਾ ਰਹੀਆਂ ਨੇ । ਜਿਲ੍ਹਾ ਮੈਜਿਸਟਰੇਟ ਸਾਕਸ਼ੀ ਸਾਹਨੀ ਨੇ ਸੰਕਟਕਾਲ ਸਥਿਤੀ ਨੂੰ ਮੁੱਖ ਰੱਖਦੇ ਹੋਏ ਜਿਲ੍ਹਾ ਅੰਮ੍ਰਿਤਸਰ ਦੀ ਹਦੂਦ ਅੰਦਰ ਆਉਂਦੇ ਸਮੂਹ ਸਰਕਾਰੀ, ਪ੍ਰਾਈਵੇਟ, ਏਡਿਡ ਸਕੂਲ, ਕਾਲਜ, ਵਿਦਿਅਕ ਅਦਾਰੇ 11 ਮਈ  ਤੱਕ ਬੰਦ ਰੱਖਣ ਦੇ ਹੁਕਮ ਜਾਰੀ ਕੀਤੇ ਨੇ ।ਜਿਲ੍ਹਾ ਸਿਖਿਆ ਅਫਸਰ ਸੈਕੰਡਰੀ ਅਤੇ ਐਲੀਮੈਟਰੀ ਜਿਲ੍ਹੇ ਅੰਦਰ ਅਦਾਰੇ ਬੰਦ ਰੱਖਣ ਲਈ  ਹੁਕਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਣਗੇ। ਓਧਰ ਤਰਨ-ਤਾਰਨ ਦੇ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਸਾਂਝਾ ਕੰਟਰੋਲ ਰੂਮ ਕਾਇਮ ਕੀਤਾ ਗਿਆ ਏ | ਜ਼ਿਲਾ ਵਾਸੀ ਕਿਸੇ ਵੀ ਹੰਗਾਮੀ ਸਥਿਤੀ ਸਬੰਧੀ ਸੂਚਨਾ ਦੇਣ ਜਾਂ ਜਾਣਕਾਰੀ ਲੈਣ ਲਈ ਕੰਟਰੋਲ ਰੂਮ ਨੰਬਰ 0-185- 22-92-810 'ਤੇ ਸੰਪਰਕ ਕਰ ਸਕਦੇ ਨੇ | ਇਸ ਤੋਂ ਇਲਾਵਾ ਪੁਲਿਸ ਕੰਟਰੋਲ ਨੰਬਰ 112 'ਤੇ ਵੀ ਸੰਪਰਕ ਕੀਤਾ ਜਾ ਸਕਦਾ ਏ |

---------------------------------------------------------------

ਭਾਰਤ ਅਤੇ ਪਾਕਿਸਤਾਨ ਵਿਚਕਾਰ ਬਣੇ ਤਣਾਅ ਦੇ ਮੱਦੇਨਜ਼ਰ, ਬੀਤੇ ਦਿਨੀ ਕਰਤਾਰਪੁਰ ਲਾਂਘਾਂ ਅਗਲੇ ਹੁਕਮਾਂ ਤੱਕ ਬੰਦ ਕਰ ਦਿੱਤਾ ਗਿਆ ਸੀ । ਇਸੇ ਦੌਰਾਨ ਅੰਮ੍ਰਿਤਸਰ 'ਚ ਅਟਾਰੀ, ਫਿਰੋਜ਼ਪੁਰ 'ਚ ਹੁਸੈਨੀਵਾਲਾ

ਅਤੇ ਫਾਜ਼ਿਲਕਾ 'ਚ ਸਾਦਕੀ ਬਾਰਡਰ 'ਤੇ ਹੋਣ ਵਾਲੀ Retreat Ceremony ਵਿਚ ਲੋਕਾਂ ਦੀ ਸ਼ਮੂਲੀਅਤ ਵੀ ਅਗਲੇ ਹੁਕਮਾਂ ਤੱਕ ਬੰਦ ਕਰ ਦਿੱਤੀ ਗਈ ਏ।

-----------------------------------------------------

BSF ਵਲੋਂ ਅੱਜ ਤੜਕਸਾਰ, ਫਿਰੋਜ਼ਪੁਰ ਸਰਹੱਦ 'ਤੇ ਇੱਕ ਪਾਕਿਸਤਾਨੀ ਘੁਸਪੈਠੀਏ ਨੂੰ ਮਾਰ ਮੁਕਾਇਆ ਗਿਆ ਏ। ਸੀਮਾ ਸੁਰਖਿਆ ਬਲ ਦੇ ਹਲਕਿਆਂ ਮੁਤਾਬਿਕ, ਇਹ ਘੁਸਪੈਠੀਆ, ਹਨੇਰੇ ਦਾ ਫਾਇਦਾ ਉਠਾਉਂਦਿਆਂ ਸਰਹੱਦ ਪਾਰ ਕਰਕੇ ਭਾਰਤ ਵਿਚ ਦਾਖਿਲ ਹੋ ਰਿਹਾ ਸੀ ਜਦੋਂ BSF ਦੇ ਚੌਕਸ ਜਵਾਨਾਂ ਨੇ ਉਸਨੂੰ ਵੰਗਾਰਿਆ ਤੇ ਇਸ ਕਾਰਵਾਈ ਨੂੰ ਅੰਜਾਮ ਦਿੱਤਾ. ਉਸਦੀ ਲਾਸ਼ ਨੂੰ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ ਏ.

-----------------------------------------------------

ਅੰਮ੍ਰਿਤਸਰ ਪੁਲਿਸ ਦੀ ਕਾਊਂਟਰ ਇੰਟੈਲੀਜੈਂਸ ਯੂਨਿਟ ਨੇ ਇੱਕ ਵਿਦੇਸ਼ੀ ਤਸਕਰ ਵਲੋਂ ਚਲਾਏ ਜਾ ਰਹੇ ਇੱਕ ਅੰਤਰ-ਰਾਸ਼ਟਰੀ ਨਸ਼ਾ ਤਸਕਰੀ ਗਿਰੋਹ ਦਾ ਪਰਦਾਫਾਸ਼ ਕਰਦਿਆਂ ਉਸਦੇ ਭਾਰਤ ਸਥਿਤ ਸੰਚਾਲਕਾਂ, ਗੁਰਪਿੰਦਰ ਸਿੰਘ ਅਤੇ ਸਾਜਨ ਨੂੰ ਗ੍ਰਿਫਤਾਰ ਕੀਤਾ ਏ। ਦੋਵੇਂ ਅੰਮ੍ਰਿਤਸਰ ਦੇ ਰਹਿਣ ਵਾਲੇ ਨੇ । ਪੁਲਿਸ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ 10 ਕਿਲੋ

ਹੈਰੋਇਨ ਅਤੇ  ਇਕ ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਏ ।-

---------------------------------------------------------------

- ਆਪ੍ਰੇਸ਼ਨ ਸਿੰਦੂਰ ਬਾਰੇ ਸਰਬ ਪਾਰਟੀ ਮੀਟਿੰਗ ਵਿਚ ਹਥਿਆਰਬੰਦ ਬਲਾਂ ਦੀ ਕੀਤੀ ਗਈ ਸ਼ਲਾਘਾ ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰਾਸ਼ਟਰੀ ਸੁਰੱਖਿਆ ਨਾ ਲ ਸਬੰਧਤ ਹਾਲੀਆ ਘਟਨਾਵਾਂ ਦੇ ਮੱਦੇਨਜ਼ਰ ਰਾਸ਼ਟਰੀ ਤਿਆ ਰੀ ਦੀ ਸਮੀਖਿਆ ਲਈ, ਵੱਖ,ਵੱਖ ਮੰਤਰਾਲਿਆਂ ਅਤੇ ਸਕੱਤਰਾਂ  ਨਾਲ ਇੱਕ ਉੱਚ ਪੱਧਰੀ ਮੀਟਿੰਗ ਕੀਤੀ।
- ਭਾਰਤੀ ਹਥਿਆਰਬੰਦ ਬਲਾਂ ਨੇ ਅੱਜ ਸਵੇਰੇ ਪਾਕਿਸਤਾਨ ‘ਚ ਕਈ ਥਾਵਾਂ 'ਤੇ ਹਵਾਈ ਰੱਖਿਆ ਰਾਡਾਰਾਂ ਅਤੇ ਪ੍ਰਣਾਲੀਆਂ ਨੂੰ ਨਿਸ਼ਾਨਾ ਬਣਾਇਆ,ਇਹ ਕਾਰਵਾਈ ਪਾਕਿਸਤਾਨੀ ਫੌਜ ਵਲੋਂ ਭਾ ਰਤੀ ਇਲਾਕਿਆਂਵਿਚ ਕੀਤੀ ਗਈ ਗੋਲਾਬਾਰੀ ਦੇ ਜਵਾਬ ਵਿਚ ਕੀਤੀ ਗਈ ਏ।
- ਸਰਕਾਰ ਵਲੋਂ ਸੋਸਲ ਮੀਡੀਆ 'ਤੇ ਭਾਰਤੀ ਫੌਜ ਨਾਲ ਸੰਬੰਧਿਤ , ਕਿਸੇ ਵੀ ਜਾਣਕਾਰੀ ਨੂੰ ਸਾਂਝਾ ਕਰਨ ਤੋਂ ਗੁਰੇਜ਼ ਕਰਨ ਦੀ ਅ ਪੀਲ ।

- ਪੁਲਿਸ ਅਤੇ ਪ੍ਰਸ਼ਾਸਨ ਨੇ ਲੋਕਾਂ ਦੀ ਸਹਾਇਤਾ ਲਈ ਜਾਰੀ ਕੀਤੇ ਹੈਲਪਲਾਈਨ ਨੰਬਰ...ਕਿਹਾ  ਬਲੈਕ ਆਊਟ ਦੀ ਪਾਲਣਾ ਲੋਕ ਹਿਤ ਲਈ ਬੇਹੱਦ ਜਰੂਰੀ-
-  ਗੁਰਦਾਸਪੁਰ ਜਿਲੇ ਵਿੱਚ ਰਾਤ 9 ਵਜੇ ਤੋਂ ਸਵੇਰੇ 5 ਵਜੇ ਤੱਕ ਬਲੈਕ ਆਊਟ ਰਹੇਗਾ ।